# ਦਫਤਰ ਜਿਲ੍ਹਾ ਮੈਜਿਸਟਰੇਟ, ਬਰਨਾਲਾ।

(ਐਮ.ਏ. ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

ਹੁਕਮ ਨੰ:..250../ਐਮ.ਏ. ਮਿਤੀ26/04/2019

## ਹੁਕਮ

ਮੁੱਖ ਖੇਤੀਬਾੜੀ ਅਫਸਰ, ਬਰਨਾਲਾ ਨੇ ਧਿਆਨ ਵਿੱਚ ਲਿਆਂਦਾ ਹੈ ਕਿ ਕਿਸਾਨ ਕਣਕ ਦੀ ਫਸਲ ਦੀ ਕੰਬਾਇਨ ਨਾਲ ਕਟਾਈ ਕਰਨ ਤੋਂ ਤੁਰੰਤ ਬਾਅਦ ਆਪਣੇ ਖੇਤਾਂ ਵਿੱਚ ਸਟਰਾਅ ਰੀਪਰ/ਤੂੜੀ ਵਾਲੀ ਮਸ਼ੀਨ ਚਲਾਕੇ ਕਣਕ ਦੇ ਬਚੇ ਹੋਏ ਨਾੜ ਤੋਂ ਤੂੜੀ ਬਨਾਉਣ ਦਾ ਕੰਮ ਸ਼ੁਰੂ ਕਰ ਦਿੰਦੇ ਹਨ, ਜਦੋਂਕਿ ਕਣਕ ਦਾ ਨਾੜ ਉਸ ਸਮੇਂ ਸਲਾਭਾ/ਨਮੀਂ ਭਰਿਆ ਹੁੰਦਾ ਹੈ। ਜਿਸ ਦੌਰਾਨ ਮਸ਼ੀਨ ਵਿੱਚ ਰਗੜ ਨਾਲ ਗਰਮਾਇਸ਼ ਪੈਦਾ ਹੋਣ ਕਰਕੇ ਕਣਕ ਦੀ ਖੜ੍ਹੀ ਫਸਲ ਨੂੰ ਅੱਗ ਲੱਗਣ ਦੀ ਸੰਭਾਵਨਾ ਬਣਦੀ ਹੈ। ਇਸ ਸੀਜਨ ਦੌਰਾਨ ਜਿਲ੍ਹਾ ਬਰਨਾਲਾ ਦੇ ਪਿੰਡ ਖੁੱਡੀ ਕਲਾਂ ਵਿਖੇ ਇਸ ਤਰ੍ਹਾਂ ਦੀ ਘਟਨਾ ਵਾਪਰਨ ਕਾਰਨ ਕਾਫੀ ਸਾਰਾ ਕਣਕ ਦਾ ਰਕਬਾ ਅੱਗ ਦੀ ਲਪੇਟ ਵਿੱਚ ਆ ਚੁੱਕਾ ਹੈ। ਜਿਲ੍ਹੇ ਦੇ ਅਗਾਂਹਵਧੂ ਕਿਸਾਨਾਂ ਅਤੇ ਖੇਤੀ ਤਕਨੀਕੀ ਮਾਹਿਰਾਂ ਨੇ ਵੀ ਇਹ ਮੰਨਿਆ ਹੈ ਕਿ ਕਣਕ ਦੀ ਕਟਾਈ ਤੋਂ ਤੁਰੰਤ ਬਾਅਦ ਸਟਰਾਅ ਰੀਪਰ ਚਲਾਉਣਾ ਗਲਤ ਹੈ ਅਤੇ ਉਨ੍ਹਾਂ ਵੱਲੋਂ ਇਹ ਤਜਵੀਜ ਦਿੱਤੀ ਗਈ ਹੈ ਕਿ ਮਿਤੀ: 30-04-2019 ਤੱਕ ਸਟਰਾਅ ਰੀਪਰ/ਤੂੜੀ ਵਾਲੀ ਮਸ਼ੀਨ ਚਲਾਉਣ ਤੇ ਮੁਕੰਮਲ ਪਾਬੰਦੀ ਲਗਾਈ ਜਾਵੇ ਤਾਂ ਜੋ ਅਜਿਹੀਆਂ ਘਟਨਾਵਾਂ ਨਾਲ ਹੋ ਰਹੇ ਜਾਨੀ ਅਤੇ ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ।

ਇਸ ਲਈ ਉਪਰੋਕਤ ਦੇ ਮੱਦੇਨਜਰ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਬਰਨਾਲਾ ਅੰਦਰ ਸਟਰਾਅ ਰੀਪਰ/ਤੂੜੀ ਵਾਲੀ ਮਸ਼ੀਨ ਚਲਾਉਣ ਤੇ ਮਿਤੀ: 30-04-2019 ਤੱਕ ਮੁਕੰਮਲ ਪਾਬੰਦੀ ਲਗਾਉਂਦਾ ਹਾਂ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਨ ਕਰਨ ਹਿੱਤ ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ ਤੇ ਪ੍ਰਚਾਰ-ਮੁਨਾਦੀ ਕਰਵਾਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਜਿਲ੍ਹੇ ਦੇ ਸਦਰ ਦਫਤਰਾਂ, ਉਪ ਮੰਡਲ ਮੈਜਿਸਟਰੇਟਜ, ਥਾਣਿਆਂ, ਨਗਰ ਕੌਂਸਲਾਂ, ਤਹਿਸੀਲ ਦਫਤਰਾਂ, ਬੀ.ਡੀ.ਪੀ.ਓਜ, ਗ੍ਰਾਮ ਪੰਚਾਇਤਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਬਰਨਾਲਾ ਦੀਆਂ ਹੋਰ ਉਘੀਆਂ ਥਾਵਾਂ ਤੇ ਚਸਪਾ ਕਰਵਾਕੇ ਲਾਗੂ ਕੀਤਾ ਜਾਵੇ।

ਸੀਨੀਅਰ ਕਪਤਾਨ ਪੁਲਿਸ ਬਰਨਾਲਾ, ਵਾਤਾਵਰਣ ਇੰਜੀਨੀਅਰ, ਪ੍ਰਦੂਸ਼ਣ ਕੰਟਰੋਲ ਬੋਰਡ, ਉਪ ਮੰਡਲ ਮੈਜਿਸਟਰੇਟ ਬਰਨਾਲਾ/ਤਪਾ, ਮੁੱਖ ਖੇਤੀਬਾੜੀ ਅਫਸਰ ਬਰਨਾਲਾ, ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ ਅਤੇ ਡੀ.ਡੀ.ਪੀ.ਓ/ਬੀ.ਡੀ.ਪੀ.ਓਜ ਉਕਤ ਹੁਕਮ ਨੂੰ ਸਖਤੀ ਨਾਲ ਲਾਗੂ ਕਰਵਾਉਣ ਦੇ ਜਿੰਮੇਵਾਰ ਹੋਣਗੇ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 30/04/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਜਿਲ੍ਹਾ ਮੈਜਿਸਟਰੇਟ ਬਰਨਾਲਾ

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ ਜੀ

ਪਿੱਠ ਅੰਕਣ ਨੰ:6453-6517/ਐਮ.ਏ. ਮਿਤੀ:..26/04/2019

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਪਾਸ ਸੂਚਨਾ/ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਅਧੀਨ ਸਕੱਤਰ ਮਾਲ (ਕ), ਪੰਜਾਬ ਸਰਕਾਰ, ਮਾਲ, ਪੁਨਰਵਾਸ ਤੇ ਡਿਜਾਸਟਰ ਮੈਨੇਜਮੈਂਟ ਵਿਭਾਗ (ਮਾਲ ਤਾਲਮੇਲ ਸ਼ਾਖਾ) ਚੰਡੀਗੜ੍ਹ।
4) ਡਾਇਰੈਕਟਰ, ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
5) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
6) ਡੀ.ਆਈ.ਜੀ ਪਟਿਆਲਾ, ਰੇਂਜ ਪਟਿਆਲਾ।
7) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ)/ਬਠਿੰਡਾ/ਫਤਿਹਗੜ੍ਹ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜਿਲਕਾ/ਪਠਾਨਕੋਟ/ਰੂਪਨਗਰ/ਅਜੀਤਗੜ੍ਹ (ਐਸ.ਏ.ਐਸ.ਨਗਰ-ਮੋਹਾਲੀ)/ਤਰਨਤਾਰਨ।
8) ਜਿਲ੍ਹਾ ਅਤੇ ਸੈਸ਼ਨ ਜੱਜ, ਬਰਨਾਲਾ।
9) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
10) ਸਿਵਲ ਸਰਜਨ, ਬਰਨਾਲਾ।
11) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
12) ਵਾਤਾਵਰਣ ਇੰਜੀਨੀਅਰ, ਪ੍ਰਦੂਸ਼ਣ ਕੰਟਰੋਲ ਬੋਰਡ, ਬਰਨਾਲਾ ਐਟ ਸੰਗਰੂਰ।
13) **ਮੁੱਖ ਖੇਤੀਬਾੜੀ ਅਫਸਰ ਬਰਨਾਲਾ** ਪਾਸ ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਹਿੱਤ ਆਪ ਦੇ ਹੇਠਲੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਇਹਨਾਂ ਹੁਕਮਾਂ ਦੀ ਪਾਲਣਾ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ ਅਤੇ ਜੇਕਰ ਫਿਰ ਵੀ ਕੋਈ ਹੁਕਮ ਦੀ ਉਲੰਘਣਾ ਕਰਦਾ ਹੈ ਤਾਂ ਨੇੜੇ ਦੇ ਪੁਲਿਸ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਉਪਰੰਤ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ।
14) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
15) ਰਿਜਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ.) ਸੰਗਰੂਰ।
16) ਜਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ ਤੇ ਖਪਤਕਾਰ ਮਾਮਲੇ, ਬਰਨਾਲਾ
17) ਜ਼ਿਲ੍ਹਾ ਮੰਡੀ ਅਫਸਰ ਬਰਨਾਲਾ/ ਕਾਰਜਕਾਰੀ ਇੰਜੀਨੀਅਰ, ਮੰਡੀ ਬੋਰਡ ਬਰਨਾਲਾ।
18) ਜਿਲ੍ਹਾ ਸਿੱਖਿਆ ਅਫ਼ਸਰ (ਸੈਕੰ:/ਐਲੀ), ਬਰਨਾਲਾ।
19) ਜਿਲ੍ਹਾ ਅਟਾਰਨੀ (ਲੀਗਲ) ਬਰਨਾਲਾ।
20) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ
21) ਜਿਲ੍ਹਾ ਮਾਲ ਅਫਸਰ ਬਰਨਾਲਾ/ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਬਰਨਾਲਾ।
22) ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਬਰਨਾਲਾ।
23) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਭਦੌੜ/ਤਪਾ ਤੇ ਨਗਰ ਪੰਚਾਇਤ ਹੰਡਿਆਇਆ।
24) ਬੀ.ਡੀ.ਪੀ.ਓ, ਬਰਨਾਲਾ/ਮਹਿਲਕਲਾਂ/ਸ਼ਹਿਣਾ ਪਾਸ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।
25) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਭੇਜਣਗੇ।
26) ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ/ਸਟੈਨੋ ਟੂ ਸ.ਕ. (ਜ/ਸ਼ਿਕ) ਬਰਨਾਲਾ ਪਾਸ ਅਫਸਰਾਨ ਸਾਹਿਬਾਨ ਦੀ ਜਾਣਕਾਰੀ ਹਿੱਤ।

ਜਿਲ੍ਹਾ ਮੈਜਿਸਟਰੇਟ
ਬਰਨਾਲਾ ਜੀ